# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :14-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ 'ਚ BRICS ਸਿਖਰ ਸੰਮੇਲਨ ਨੂੰ ਸਫਲ ਅਤੇ ਨਤੀਜਾ ਮੁਖੀ ਬਣਾਉਣ ਲਈ ਸਾਰੇ ਮੈਂਬਰ ਦੇਸ਼ਾਂ ਦੇ ਨੇਤਾਵਾਂ ਦਾ ਧੰਨਵਾਦ ਕੀਤਾ ਏ।

- ਸਰਕਾਰ ਨੇ ਕਿਹਾ ਏ ਕਿ ਸਾਲ 2020 ਤੋਂ ਬਾਅਦ, ਨੌਂ ਰਾਜਾਂ ਵਿੱਚ 147 ਕੋਲਾ ਬਲਾਕਾਂ ਦੀ ਨਿਲਾਮੀ ਕੀਤੀ ਗਈ ਏ।

- ਅੱਜ ਦੇਸ਼ ਭਰ ਵਿੱਚ 'ਹਿੰਦੀ ਦਿਵਸ' ਮਨਾਇਆ ਜਾ ਰਿਹਾ ਏ।

- ਬੰਗਲਾਦੇਸ਼ ਦੇ ਵਿਦੇਸ਼ ਰਾਜ ਮੰਤਰੀ ਹੁਮਾਯੂੰ ਕਬੀਰ ਨੇ ਕਿਹਾ ਏ ਕਿ ਉਨ੍ਹਾਂ ਦਾ ਦੇਸ਼ ਭਾਰਤ ਨਾਲ ਸਬੰਧਾਂ ਨੂੰ ਦੁਵੱਲੀ ਗੱਲਬਾਤ ਰਾਹੀਂ, ਅੱਗੇ ਵਧਾਉਣਾ ਚਾਹੁੰਦਾ ਏ।

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।

- ਜਰਮਨੀ ਦੇ ਅਲੈਗਜ਼ੈਂਡਰ ਜ਼ਵੇਰੇਵ ਨੇ ਅਮਰੀਕਾ ਦੇ ਬੇਨ ਸ਼ੈਲਟਨ ਨੂੰ ਹਰਾ ਕੇ, ਯੂ.ਐਸ ਓਪਨ ਪੁਰਸ਼ ਸਿੰਗਲਜ਼ ਦਾ ਖਿਤਾਬ ਜਿੱਤ ਲਿਆ ਏ।

## ***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ 'ਚ BRICS ਸਿਖਰ ਸੰਮੇਲਨ ਨੂੰ ਸਫਲ ਅਤੇ ਨਤੀਜਾ-ਮੁਖੀ ਬਣਾਉਣ ਲਈ ਸਾਰੇ BRICS ਮੈਂਬਰ ਦੇਸ਼ਾਂ ਦੇ ਨੇਤਾਵਾਂ ਦਾ ਧੰਨਵਾਦ ਕੀਤਾ ਏ। ਦੋ-ਰੋਜ਼ਾ ਸੰਮੇਲਨ ਦੀਆਂ ਮੁੱਖ ਝਲਕੀਆਂ ਵਾਲੀ ਇੱਕ ਵੀਡੀਓ ਪ੍ਰਧਾਨ ਮੰਤਰੀ ਦੇ ਸੋਸ਼ਲ ਮੀਡੀਆ ਹੈਂਡਲਜ਼ 'ਤੇ ਪੋਸਟ ਕੀਤੀ ਗਈ ਏ। ਇਸ ਵੀਡੀਓ ਵਿੱਚ ਸੰਮੇਲਨ ਦੌਰਾਨ

ਪ੍ਰਧਾਨ ਮੰਤਰੀ ਦੇ ਭਾਸ਼ਣ ਦਾ ਇੱਕ ਅੰਸ਼ ਸ਼ਾਮਲ ਏ, ਜਿਸ ਵਿੱਚ ਉਨ੍ਹਾਂ ਕਿਹਾ ਕਿ ਬ੍ਰਿਕਸ ਰਾਹੀਂ ਭਾਰਤ ਨੇ ਆਲਮੀ ਪੱਧਰ 'ਤੇ ਦੋਸਤੀ, ਭਾਈਵਾਲੀ ਅਤੇ ਸਹਿਯੋਗ ਨੂੰ ਅੱਗੇ ਵਧਾਇਆ ਏ। ਸ਼੍ਰੀ ਮੋਦੀ ਨੇ ਕਿਹਾ ਕਿ ਸੰਮੇਲਨ 'ਚ ਅਪਣਾਇਆ ਗਿਆ ਨਵੀਂ ਦਿੱਲੀ ਐਲਾਨਨਾਮਾ, ਸਾਂਝੇ ਦ੍ਰਿਸ਼ਟੀਕੋਣ ਅਤੇ ਭਵਿੱਖ ਦੇ ਸਹਿਯੋਗ ਲਈ, ਸਪੱਸ਼ਟ ਦਿਸ਼ਾ ਦੇਵੇਗਾ।

**BYTE: PM ON BRICS**

ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਸਿਆਸਤਦਾਨਾਂ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ, ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਅਬੂ ਧਾਬੀ ਦੇ ਵਲੀ ਅਹਿਦ ਸ਼ਹਿਜ਼ਾਦੇ, ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਸ਼ਾਮਲ ਸਨ। ਸੰਮੇਲਨ ਵਿੱਚ ਮੌਜੂਦ ਹੋਰ ਉੱਘੀਆਂ ਸ਼ਖ਼ਸੀਅਤਾਂ ਵਿੱਚ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ, ਵੀਅਤਨਾਮ ਦੇ ਪ੍ਰਧਾਨ ਮੰਤਰੀ ਲੇ ਮਿਨ ਹੁੰਗ, ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਾਬੋਵੋ ਸੁਬਿਆਂਤੋ, ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਾਹ ਅਲ-ਸੀਸੀ, ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਆਰ. ਮਾਰਕੋਸ ਜੂਨੀਅਰ ਅਤੇ ਯੂਗਾਂਡਾ ਦੇ ਉਪ-ਰਾਸ਼ਟਰਪਤੀ ਜੈਸਿਕਾ ਅਲੂਪੋ ਸ਼ਾਮਲ ਸਨ।

ਭਾਰਤ ਨੇ 12 ਤੇ 13 ਸਤੰਬਰ, ਨੂੰ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਸਮੂਹ ਦੇ 11 ਮੈਂਬਰ ਦੇਸ਼ਾਂ ਅਤੇ 10 ਭਾਈਵਾਲ ਦੇਸ਼ਾਂ

ਦੇ ਨੇਤਾਵਾਂ ਦੇ ਨਾਲ-ਨਾਲ ਅੰਤਰਰਾਸ਼ਟਰੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਸ਼ਿਰਕਤ ਕੀਤੀ।

---------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਬ੍ਰਿਕਸ ਸਿਖਰ ਸੰਮੇਲਨ ਦੀ ਸਫਲਤਾ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਕਿ ਇਤਿਹਾਸਕ ਨਵੀਂ ਦਿੱਲੀ ਐਲਾਨਨਾਮਾ, ਭਾਰਤ ਦੇ ਵ੍ਧ ਰਹੇ ਆਲਮੀ ਪ੍ਰਭਾਵ ਦਾ ਸਬੂਤ ਏ।

ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਨੇ ਬ੍ਰਿਕਸ ਦੀ ਪ੍ਰਧਾਨਗੀ ਦੌਰਾਨ ਲਚਕੀਲੇਪਣ, ਨਵੀਨਤਾ, ਸਹਿਯੋਗ ਤੇ ਸਥਿਰਤਾ ਨੂੰ ਤਰਜੀਹ ਦਿੱਤੀ।

---------------------------------------------------------

ਵਿਸ਼ਵ ਸਿਹਤ ਸੰਗਠਨ, WHO ਦੇ ਡਾਇਰੈਕਟਰ-ਜਨਰਲ ਟੇਡਰੋਸ ਅਡਨੋਮ ਘੇਬਰੇਅਸਸ ਨੇ ਮਜ਼ਬੂਤ ਸਿਹਤ ਸਹਿਯੋਗ, ਨਵੀਨਤਾ, ਲਚਕੀਲੇਪਣ ਅਤੇ ਨਿਰੰਤਰ ਵਿੱਤ ਪ੍ਰਬੰਧਾਂ ਦਾ ਸੱਦਾ ਦਿੱਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਡਾ. ਟੇਡਰੋਸ ਨੇ ਕਿਹਾ ਕਿ ਬ੍ਰਿਕਸ ਸਿਖਰ ਸੰਮੇਲਨ ਦਾ ਵਿਸ਼ਾ ਸਿੱਧੇ ਤੌਰ 'ਤੇ ਵਿਸ਼ਵ ਸਿਹਤ ਨਾਲ ਸਬੰਧਤ

ਸੀ। ਉਨ੍ਹਾਂ ਦੇਸ਼ਾਂ ਨੂੰ ਮੁੱਢਲੀ ਸਿਹਤ ਸੰਭਾਲ ਨਿਗਰਾਨੀ, ਚੇਤਾਵਨੀ ਪ੍ਰਣਾਲੀਆਂ ਅਤੇ ਸਥਾਨਕ ਉਤਪਾਦਨ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਨਵੀਨਤਾ ਦੇ ਸੰਬੰਧ ਵਿੱਚ, ਉਨ੍ਹਾਂ ਨੇ ਵਿਗਿਆਨ, ਡਿਜੀਟਲ ਸਿਹਤ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, AI ਦੀ ਵਿਆਪਕ ਵਰਤੋਂ ਦਾ ਸੱਦਾ ਦਿੱਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ, ਉਨ੍ਹਾਂ ਦੇ ਲਾਭ ਸਮਾਜ ਦੇ ਸਾਰੇ ਵਰਗਾਂ ਤੱਕ ਪਹੁੰਚ ਸਕਣ।

---------------------------------------------------

ਵਿਦੇਸ਼ ਮੰਤਰਾਲੇ ਨੇ 18ਵੇਂ ਬ੍ਰਿਕਸ ਸਿਖਰ ਸੰਮੇਲਨ ਦੇ ਸਫਲ ਆਯੋਜਨ ਵਿੱਚ ਸਹਿਯੋਗ ਲਈ, ਕੇਂਦਰ ਸਰਕਾਰ ਦੇ ਸਾਰੇ ਵਿਭਾਗਾਂ ਅਤੇ ਏਜੰਸੀਆਂ ਦਾ ਧੰਨਵਾਦ ਕੀਤਾ ਏ। ਮੰਤਰਾਲੇ ਨੇ ਕਿਹਾ ਕਿ ਸੰਮੇਲਨ ਦਾ ਆਯੋਜਨ ਇੱਕ ਗੁੰਝਲਦਾਰ ਕੰਮ ਸੀ, ਜਿਸ ਲਈ ਸਰਕਾਰ ਅਤੇ ਸਾਰੇ ਪੱਧਰਾਂ 'ਤੇ ਤਾਲਮੇਲ ਵਾਲੇ ਯਤਨਾਂ ਦੀ ਲੋੜ ਸੀ।

ਮੰਤਰਾਲੇ ਨੇ ਵੱਖ-ਵੱਖ ਬ੍ਰਿਕਸ ਮੀਟਿੰਗਾਂ ਦੀ ਮੇਜ਼ਬਾਨੀ ਕਰਨ ਵਾਲੀਆਂ ਸਾਰੀਆਂ ਰਾਜ ਸਰਕਾਰਾਂ ਦਾ ਵੀ ਧੰਨਵਾਦ ਕੀਤਾ। ਇਹ ਸਿਖਰ ਸੰਮੇਲਨ ਕੱਲ੍ਹ ਨਵੀਂ ਦਿੱਲੀ ਵਿੱਚ ਸਫਲਤਾ ਨਾਲ ਖਤਮ ਹੋਇਆ।

---------------------------------------------------

ਸਰਕਾਰ ਨੇ ਕਿਹਾ ਏ ਕਿ ਸਾਲ 2020 ਤੋਂ ਬਾਅਦ, ਨੌਂ ਰਾਜਾਂ ਵਿੱਚ 147 ਕੋਲਾ ਬਲਾਕਾਂ ਦੀ ਨਿਲਾਮੀ ਕੀਤੀ ਗਈ ਏ। ਕੋਲਾ ਮੰਤਰਾਲੇ ਨੇ ਕਿਹਾ ਕਿ ਇਸ ਨਾਲ ਲਗਭਗ 47 ਹਜ਼ਾਰ 500 ਕਰੋੜ ਰੁਪਏ ਦਾ ਮਾਲੀਆ ਅਤੇ ਚਾਰ ਲੱਖ 90 ਹਜ਼ਾਰ ਨੌਕਰੀਆਂ ਪੈਦਾ ਹੋਣ ਦੀ ਉਮੀਦ ਏ। ਮੰਤਰਾਲੇ ਨੇ ਕਿਹਾ ਕਿ ਪਿਛਲੇ ਵਿੱਤੀ ਸਾਲ ਵਿੱਚ, ਅਲਾਟ ਕੀਤੀਆਂ ਵਪਾਰਕ ਖਾਣਾਂ ਤੋਂ ਲਗਭਗ 3 ਹਜ਼ਾਰ 900 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਸੀ।

ਪਿਛਲੇ ਦਹਾਕੇ ਵਿੱਚ ਦੇਸ਼ ਵਿੱਚ ਕੋਲਾ ਬਲਾਕਾਂ ਦੀ ਵੰਡ ਵਿੱਚ ਇੱਕ ਮਹੱਤਵਪੂਰਨ ਬਦਲਾਅ ਆਇਆ ਏ। ਮੰਤਰਾਲੇ ਨੇ ਦੱਸਿਆ ਏ ਕਿ ਪੂਰੀ ਨਿਲਾਮੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਗਿਆ ਏ।

---

ਅੱਜ ਦੇਸ਼ ਭਰ ਵਿੱਚ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ। 1949 ਵਿੱਚ ਅੱਜ ਦੇ ਹੀ ਦਿਨ ਸੰਵਿਧਾਨ ਸਭਾ ਨੇ ਦੇਵਨਾਗਰੀ ਲਿਪੀ ਵਿੱਚ ਲਿਖੀ ਹਿੰਦੀ ਨੂੰ ਦੇਸ਼ ਦੀ ਸਰਕਾਰੀ ਭਾਸ਼ਾ ਵਜੋਂ ਅਪਣਾਇਆ ਸੀ। ਅੱਜ, ਹਿੰਦੀ ਦੁਨੀਆ ਵਿੱਚ ਵਿਆਪਕ ਤੌਰ 'ਤੇ ਬੋਲੀ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਇੱਕ ਹੈ ਅਤੇ 52 ਕਰੋੜ ਤੋਂ ਵੱਧ ਲੋਕਾਂ ਦੀ ਪਹਿਲੀ ਭਾਸ਼ਾ ਏ। ਹਿੰਦੀ ਦਿਵਸ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਵਿੱਚ ਕਈ ਭਾਸ਼ਾਵਾਂ ਦਾ ਹੋਣਾ ਦੇਸ਼ ਦੀ ਸਭ ਤੋਂ ਵੱਡੀ ਤਾਕਤ ਏ। ਉਨ੍ਹਾਂ ਇੱਕ

ਵੀਡੀਓ ਸੰਦੇਸ਼ ਸਾਂਝਾ ਕਰਦੇ ਹੋਏ, ਕਿਹਾ ਕਿ ਹਿੰਦੀ ਭਾਸ਼ਾ ਕਿਸੇ ਹੋਰ ਭਾਸ਼ਾ ਦੀ ਮੁਕਾਬਲੇ ਵਾਲੀ ਭਾਸ਼ਾ ਨਹੀਂ ਏ, ਸਗੋਂ ਰਾਸ਼ਟਰੀ ਏਕਤਾ ਦਾ ਇੱਕ ਮਹੱਤਵਪੂਰਨ ਜੋੜਨ ਵਾਲਾ ਧਾਗਾ ਏ।

**BYTE: AMIT SHAH ON HINDI DIWAS**

ਇਸੇ ਤਰ੍ਹਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀ ਹਿੰਦੀ ਦਿਵਸ ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।ਓਧਰ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਹਿੰਦੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ।

---

ਅੱਜ ਦੇਸ਼ ਭਰ ਵਿੱਚ ਗਣੇਸ਼ ਚਤੁਰਥੀ ਦਾ ਤਿਉਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਹ ਦਿਨ ਭਗਵਾਨ ਗਣੇਸ਼ ਦਾ ਜਨਮ ਦਾ ਪ੍ਰਤੀਕ ਏ , ਜਿਨ੍ਹਾਂ ਨੂੰ ਬੁੱਧੀ, ਖੁਸ਼ਹਾਲੀ ਅਤੇ ਖੁਸ਼ਕਿਸਮਤੀ ਦਾ ਦੇਵਤਾ ਮੰਨਿਆ ਜਾਂਦਾ ਏ । ਇਸਨੂੰ ਵਿਨਾਇਕ ਚਤੁਰਥੀ ਜਾਂ ਗਣੇਸ਼ ਉਤਸਵ ਵਜੋਂ ਵੀ ਜਾਣਿਆ ਜਾਂਦਾ ਹੈ। ਅੱਜ ਇਸ ਦਸ-ਰੋਜ਼ਾ ਤਿਉਹਾਰ ਦਾ ਪਹਿਲਾ ਦਿਨ ਹੈ, ਜਿਸ ਦੌਰਾਨ ਲੋਕ ਆਪਣੇ ਘਰਾਂ ਵਿੱਚ ਭਗਵਾਨ ਗਣੇਸ਼ ਦੀਆਂ ਮੂਰਤੀਆਂ ਸਥਾਪਤ ਕਰਦੇ ਨੇ ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗਣੇਸ਼ ਚਤੁਰਥੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ

ਕਿਹਾ ਕਿ ਭਗਵਾਨ ਗਣੇਸ਼ ਬੁੱਧੀ, ਖੁਸ਼ਹਾਲੀ ਅਤੇ ਸ਼ੁਭ ਸ਼ੁਰੂਆਤ ਦੇ ਪ੍ਰਤੀਕ ਨੇ ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਅੱਜ ਗਣੇਸ਼ ਚਤੁਰਥੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ।

------------------------------------------------------------

ਬੰਗਲਾਦੇਸ਼ ਦੇ ਵਿਦੇਸ਼ ਰਾਜ ਮੰਤਰੀ ਹੁਮਾਯੂੰ ਕਬੀਰ ਨੇ ਕਿਹਾ ਏ ਕਿ ਉਨ੍ਹਾਂ ਦਾ ਦੇਸ਼ ਭਾਰਤ ਨਾਲ ਸਬੰਧਾਂ ਨੂੰ ਦੁਵੱਲੀ ਗੱਲਬਾਤ ਰਾਹੀਂ ਅੱਗੇ ਵਧਾਉਣਾ ਚਾਹੁੰਦਾ ਏ। ਢਾਕਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਬੰਗਲਾਦੇਸ਼ ਨੂੰ ਭਾਰਤ ਨਾਲ ਆਪਸੀ ਹਿੱਤਾਂ ਦੇ ਆਧਾਰ ’ਤੇ ਨਵੇਂ ਸਿਰੇ ਤੋਂ ਕੰਮ ਕਰਨਾ ਚਾਹੀਦਾ ਏ। ਭਾਰਤ-ਬੰਗਲਾਦੇਸ਼ ਸਰਹੱਦ ਨਾਲ ਸਬੰਧਤ ਹਾਲੀਆ ਮਾਮਲਿਆਂ ਬਾਰੇ ਸ੍ਰੀ ਕਬੀਰ ਨੇ ਕਿਹਾ ਕਿ ਇਨ੍ਹਾਂ ਮੁੱਦਿਆਂ ਦਾ ਹੱਲ ਅੰਤਰਰਾਸ਼ਟਰੀ ਕਾਨੂੰਨ, ਸਰਹੱਦੀ ਪ੍ਰੋਟੋਕੋਲ ਅਤੇ ਦੁਵੱਲੇ ਸਮਝੌਤਿਆਂ ਤਹਿਤ ਕੂਟਨੀਤਕ ਗੱਲਬਾਤ ਰਾਹੀਂ ਕੀਤਾ ਜਾਵੇਗਾ।

------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਪੂਰਬੀ ਰਾਜਸਥਾਨ ਅਤੇ ਮੱਧ ਮਹਾਰਾਸ਼ਟਰ ਤੇ ਗੁਜਰਾਤ ਵਿੱਚ ਭਾਰੀ ਮੀਂਹ

ਪੈਣ ਦੀ ਪੇਸ਼ਗੋਈ ਕੀਤੀ ਏ। ਉੱਤਰ-ਪੂਰਬੀ ਰਾਜਾਂ, ਖ਼ਾਸਕਰ ਅਰੁਣਾਚਲ ਪ੍ਰਦੇਸ਼, ਅਸਾਮ ਅਤੇ ਮੇਘਾਲਿਆ ਵਿੱਚ ਵੀ ਇਸੇ ਤਰ੍ਹਾਂ ਦਾ ਮੌਸਮ ਬਣਿਆ ਰਹਿ ਸਕਦਾ ਏ। ਇਵੇਂ ਹੀ ਉੱਤਰਾਖੰਡ, ਬਿਹਾਰ, ਝਾਰਖੰਡ, ਓਡੀਸ਼ਾ ਅਤੇ ਅੰਡਮਾਨ-ਨਿਕੋਬਾਰ ਟਾਪੂ ਸਮੂਹ ਵਿੱਚ ਅੱਜ ਗਰਜ-ਚਮਕ ਨਾਲ ਬਿਜਲੀ ਲਿਸ਼ਕਣ ਦੀ ਸੰਭਾਵਨਾ ਏ।

---------------------------------------------------

ਜਰਮਨੀ ਦੇ ਅਲੈਗਜ਼ੈਂਡਰ ਜ਼ਵੇਰੇਵ ਨੇ ਨਿਊਯਾਰਕ ਵਿੱਚ, ਅਮਰੀਕਾ ਦੇ ਬੇਨ ਸ਼ੈਲਟਨ ਨੂੰ ਹਰਾ ਕੇ ਯੂ.ਐਸ ਓਪਨ ਪੁਰਸ਼ ਸਿੰਗਲਜ਼ ਦਾ ਖਿਤਾਬ ਜਿੱਤ ਲਿਆ ਏ। ਇਹ 2026 ਵਿੱਚ ਜ਼ਵੇਰੇਵ ਦਾ ਦੂਜਾ ਗ੍ਰੈਂਡ ਸਲੈਮ ਖਿਤਾਬ ਏ। ਇਸ ਤੋਂ ਪਹਿਲਾਂ, ਉਨ੍ਹਾਂ ਨੇ ਜੂਨ ਵਿੱਚ ਫ੍ਰੈਂਚ ਓਪਨ ਦਾ ਖਿਤਾਬ ਜਿੱਤਿਆ ਸੀ।

---------------------------------------------------

ਕ੍ਰਿਕਟ ਵਿੱਚ, ਭਾਰਤ ਨੇ ਮਹਿਲਾ ਏਸ਼ੀਆ ਕੱਪ 2026 ਜਿੱਤ ਲਿਆ ਏ। ਕੱਲ੍ਹ ਖੇਡੇ ਗਏ ਫਾਈਨਲ ਵਿੱਚ ਭਾਰਤੀ ਟੀਮ ਨੇ ਸ਼੍ਰੀਲੰਕਾ ਨੂੰ 72 ਦੌੜਾਂ ਨਾਲ ਹਰਾ ਕੇ ਅੱਠਵੀਂ ਵਾਰ ਏਸ਼ੀਆ ਕੱਪ ਦਾ ਖਿਤਾਬ ਆਪਣੇ ਨਾਂ ਕੀਤਾ। ਓਪਨਰ ਸ਼ੈਫਾਲੀ ਵਰਮਾ ਅਤੇ ਸਮ੍ਰਿਤੀ ਮੰਧਾਨਾ ਦਰਮਿਆਨ

129 ਦੌੜਾਂ ਦੀ ਰਿਕਾਰਡ ਸਾਂਝੇਦਾਰੀ ਦੀ ਬਦੌਲਤ, ਭਾਰਤ ਨੇ 5 ਵਿਕਟਾਂ ਦੇ ਨੁਕਸਾਨ 'ਤੇ 183 ਦੌੜਾਂ ਬਣਾਈਆਂ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਟੀਮ ਦੇ ਸਾਰੇ ਮੈਂਬਰਾਂ ਨੂੰ ਮਹਿਲਾ 20-20 ਏਸ਼ੀਆ ਕੱਪ ਜਿੱਤਣ 'ਤੇ ਵਧਾਈ ਦਿੱਤੀ ਏ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ 'ਚ BRICS ਸਿਖਰ ਸੰਮੇਲਨ ਨੂੰ ਸਫਲ ਅਤੇ ਨਤੀਜਾ ਮੁਖੀ ਬਣਾਉਣ ਲਈ ਸਾਰੇ ਮੈਂਬਰ ਦੇਸ਼ਾਂ ਦੇ ਨੇਤਾਵਾਂ ਦਾ ਧੰਨਵਾਦ ਕੀਤਾ ਏ।

- ਸਰਕਾਰ ਨੇ ਕਿਹਾ ਏ ਕਿ ਸਾਲ 2020 ਤੋਂ ਬਾਅਦ, ਨੌਂ ਰਾਜਾਂ ਵਿੱਚ 147 ਕੋਲਾ ਬਲਾਕਾਂ ਦੀ ਨਿਲਾਮੀ ਕੀਤੀ ਗਈ ਏ।

- ਅੱਜ ਦੇਸ਼ ਭਰ ਵਿੱਚ 'ਹਿੰਦੀ ਦਿਵਸ' ਮਨਾਇਆ ਜਾ ਰਿਹਾ ਏ।

- ਬੰਗਲਾਦੇਸ਼ ਦੇ ਵਿਦੇਸ਼ ਰਾਜ ਮੰਤਰੀ ਹੁਮਾਯੂੰ ਕਬੀਰ ਨੇ ਕਿਹਾ ਏ ਕਿ ਉਨ੍ਹਾਂ ਦਾ ਦੇਸ਼ ਭਾਰਤ ਨਾਲ ਸਬੰਧਾਂ ਨੂੰ ਦੁਵੱਲੀ ਗੱਲਬਾਤ ਰਾਹੀਂ, ਅੱਗੇ ਵਧਾਉਣਾ ਚਾਹੁੰਦਾ ਏ।

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।

- ਜਰਮਨੀ ਦੇ ਅਲੈਗਜ਼ੈਂਡਰ ਜ਼ਵੇਰੇਵ ਨੇ ਅਮਰੀਕਾ ਦੇ ਬੇਨ ਸ਼ੈਲਟਨ ਨੂੰ ਹਰਾ ਕੇ, ਯੂ.ਐਸ ਓਪਨ ਪੁਰਸ਼ ਸਿੰਗਲਜ਼ ਦਾ ਖਿਤਾਬ ਜਿੱਤ ਲਿਆ ਏ।

-----------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**